ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਕੋਵਿਡ 19

114 ਨਮੂਨਿਆਂ ਦੀ ਰਿਪੋਰਟ ਆਈ ਨੈਗੇਟਿਵ

-ਅੱਜ ਭੇਜੇ 16 ਨਵੇਂ ਨਮੂਨੇ

ਬਠਿੰਡਾ, 24 ਮਈ

ਬਠਿੰਡਾ ਜ਼ਿਲ੍ਹੇ ਵਿਚ ਬੀਤੇ ਦਿਨ ਭੇਜੇ 114 ਨਮੂਨਿਆਂ ਦੀ ਜਾਂਚ ਰਿਪੋਰਟ ਨੈਗੇਟਿਵ ਪ੍ਰਾਪਤ ਹੋਈ ਹੈ। ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦਿੱਤੀ ਹੈ। ਉਨ੍ਹਾਂ ਨੇ ਦੱਸਿਆ ਕਿ ਇੰਨ੍ਹਾਂ ਵਿਚ 22 ਵਿਦੇਸ਼ ਤੋਂ ਪਰਤੇ ਲੋਕਾਂ ਦੀ ਰਿਪੋਰਟ ਵੀ ਸ਼ਾਮਿਲ ਹੈ ਜੋ ਕਿ ਨੈਗੇਟਿਵ ਆਈ ਹੈ। ਉਨ੍ਹਾਂ ਨੇ ਦੱਸਿਆ ਕਿ ਫਿਲਹਾਲ ਜ਼ਿਲ੍ਹੇ ਵਿਚ ਇਕ ਹੀ ਐਕਟਿਵ ਕੇਸ ਹੈ ਜ਼ੋ ਕਿ ਵਿਦੇਸ਼ ਤੋਂ ਪਰਤਿਆ ਸੀ ਅਤੇ ਜ਼ਿਲ੍ਹੇ ਵਿਚ ਆਉਣ ਤੋਂ ਲੈਕੇ ਇਕਾਂਤਵਾਸ ਵਿਚ ਸੀ।ਉਨ੍ਹਾਂ ਨੇ ਇਹ ਵੀ ਦੱਸਿਆ ਕਿ ਐਤਵਾਰ ਨੂੰ 16 ਨਵੇਂ ਨਮੂਨੇ ਲਏ ਗਏ ਹਨ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਲੋਕਾਂ, ਮੀਡੀਆ ਦਾ ਇਸ ਮੁਸਕਿਲ ਦੌਰ ਵਿਚ ਪ੍ਰਸ਼ਾਸਨ ਨਾਲ ਸਹਿਯੋਗ ਬਣਾਈ ਰੱਖਣ ਲਈ ਧੰਨਵਾਦ ਕਰਦਿਆਂ ਕਿਹਾ ਕਿ ਸਾਂਝੇ ਯਤਨਾਂ ਨਾਲ ਹੀ ਅਸੀਂ ਕਰੋਨਾ ਨੂੰ ਆਪਣੇ ਜ਼ਿਲ੍ਹੇ ਤੋਂ ਦੂਰ ਰੱਖ ਸਕਦੇ ਹਾਂ।